# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-04-2024**

ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਭਲਕੇ 26 ਅਪ੍ਰੈਲ ਨੂੰ ਹੋਣ ਵਾਲੀ ਵੋਟਿੰਗ ਲਈ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਨੇ। ਇਸ ਪੜਾਅ ਵਿੱਚ 12 ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ 88 ਲੋਕ ਸਭਾ ਸੀਟਾਂ ਲਈ ਵੋਟਿੰਗ ਹੋਵੇਗੀ। ਇਸ ਵਿੱਚ ਕੇਰਲ ਤੋਂ 20, ਕਰਨਾਟਕ ਤੋਂ 14, ਰਾਜਸਥਾਨ ਤੋਂ 13, ਉੱਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਤੋਂ 8-8, ਮੱਧ ਪ੍ਰਦੇਸ਼ ਤੋਂ 6, ਅਸਾਮ ਅਤੇ ਬਿਹਾਰ ਤੋਂ 5, ਪੱਛਮੀ ਬੰਗਾਲ ਅਤੇ ਛੱਤੀਸਗੜ੍ਹ ਤੋਂ 3-3 ਅਤੇ ਮਨੀਪੁਰ, ਤ੍ਰਿਪੁਰਾ ਤੇ ਜੰਮੂ ਕਸ਼ਮੀਰ ਵਿਚ 1-1 ਸੀਟ 'ਤੇ ਵੋਟਿੰਗ ਹੋਵੇਗੀ। ਇਸ ਗੇੜ ਵਿੱਚ ਕੁੱਲ ਇੱਕ ਹਜ਼ਾਰ 198 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਬਾਹਰੀ ਮਨੀਪੁਰ ਲੋਕ ਸਭਾ ਸੀਟ ਦੇ ਬਾਕੀ ਹਿੱਸੇ ਲਈ ਵੀ ਭਲਕੇ ਹੀ ਵੋਟਿੰਗ ਹੋਵੇਗੀ।

-------------------------------------------------------

ਕਾਂਗਰਸ ਨੇ ਜਲੰਧਰ ਜ਼ਿਲ੍ਹੇ ਦੇ ਫ਼ਿਲੌਰ ਅਸੈਂਬਲੀ ਹਲਕੇ ਤੋਂ ਆਪਣੇ ਵਿਧਾਇਕ ਵਿਕਰਮਜੀਤ ਚੌਧਰੀ ਨੂੰ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਏ। ਪਾਰਟੀ ਦੇ ਸੂਬਾ ਇੰਚਾਰਜ ਦਵਿੰਦਰ ਯਾਦਵ ਨੇ ਇਹ ਫੈਸਲਾ ਲਿਆ ਏ। ਆਪਣੇ ਇਕ ਖਤ ਵਿੱਚ ਦਵਿੰਦਰ ਯਾਦਵ ਨੇ ਕਿਹਾ ਕਿ ਵਿਕਰਮ ਚੌਧਰੀ ਬੀਤੇ ਕਈ ਦਿਨਾਂ ਤੋਂ ਪਾਰਟੀ ਦੇ ਨਿਯਮਾਂ ਖਿਲਾਫ ਬਿਆਨਬਾਜ਼ੀ ਕਰ ਰਹੇ ਨੇ, ਜਿਸ ਨਾਲ ਪਾਰਟੀ ਦੇ ਅਕਸ ਨੂੰ ਡੂੰਘੀ ਸੱਟ ਵਜੀ ਏ ਅਤੇ ਵਰਕਰਾਂ ਵਿੱਚ ਵੀ ਗੁੱਸਾ ਏ। ਉਨ੍ਹਾਂ ਕਿਹਾ ਕਿ ਇਸ ਬਾਰੇ ਵਿਕਰਮ ਨੂੰ ਕਈ ਬਾਰ ਚੇਤਾਵਨੀ ਵੀ ਦਿੱਤੀ ਗਈ ਪਰ ਇਸਦੇ ਬਾਵਜੂਦ ਉਨਾਂ ਦੀ ਬਿਆਨਬਾਜ਼ੀ ਜਾਰੀ ਰਹੀ ਇਸ ਲਈ ਪਾਰਟੀ ਨੇ ਵਿਕਰਮ ਨੂੰ ਮੁਅੱਤਲ ਕਰਨ ਦਾ ਫੈਸਲਾ ਕੀਤਾ ਏ। ਜ਼ਿਕਰਯੋਗ ਏ ਕਿ ਵਿਕਰਮਜੀਤ ਚੌਧਰੀ ਦੀ ਮਾਤਾ ਕਰਮਜੀਤ ਕੌਰ ਚੌਧਰੀ ਬੀਤੇ ਦਿਨੀਂ BJP ‘ਚ ਸ਼ਾਮਲ ਹੋ ਗਏ ਨੇ। ਜਲੰਧਰ ਤੋਂ ਚਰਨਜੀਤ ਚੰਨੀ ਨੂੰ ਉਮੀਦਵਾਰ ਬਣਾਏ ਜਾਣ ਤੋਂ ਬਾਅਦ ਹੀ ਚੌਧਰੀ ਪਰਿਵਾਰ ਪਾਰਟੀ ਲੀਡਰਸ਼ਿਪ ਤੋਂ ਨਰਾਜ਼ ਏ।

-----------------------------------------------------------

ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ 'ਚ ਸਥਾਪਿਤ ਮਾਰਕਫੈੱਡ ,ਪਨਗ੍ਰੇਨ, ਪਨਸਪ ਤੇ ਵੇਅਰ ਹਾਊਸ ਦੀ ਅਚਨਚੇਤ ਚੈਕਿੰਗ ਕੀਤੀ ਅਤੇ ਅਨਾਜ ਮੰਡੀ ਅਹਿਮਦਗੜ੍ਹ ਤੇ ਕੁੱਪ ਕਲ੍ਹਾਂ ਵਿਖੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨਾਂ ਕਿਹਾ ਕਿ ਮੰਡੀਆਂ ਵਿੱਚ ਆਏ ਅਨਾਜ ਦੀ ਸਾਂਭ-ਸੰਭਾਲ ਕਰਨਾ, ਤੈਅ ਸਮੇਂ ਸੀਮਾ ਤਹਿਤ ਜਿਣਸ ਦੀ ਲਿਫ਼ਟਿੰਗ ਯਕੀਨੀ ਬਣਾਉਣਾ, ਅਨਾਜ ਦਾ ਸੁਰੱਖਿਅਤ ਭੰਡਾਰਨ ਅਤੇ ਲੋਕਾਂ ਤੱਕ ਅਨਾਜ ਦੀ ਸੁਖਾਲੀ ਪਹੁੰਚ ਬਣਾਉਣਾ ਸਾਡਾ ਫ਼ਰਜ਼ ਏ । ਉਨ੍ਹਾਂ ਦੱਸਿਆ ਕਿ ਅਚਨਚੇਤ ਕੀਤੀ ਚੈਕਿੰਗ ਦਾ ਮੁੱਖ ਮਕਸਦ ਗੁਦਾਮਾਂ ਦੀ ਵਿਵਸਥਾ ਤੇ ਮੁਲਾਜ਼ਮਾਂ ਦੇ ਕੰਮ ਕਾਜ ਨੂੰ ਦੇਖਣ ਸਮੇਤ ਮੁਲਾਜ਼ਮਾਂ, ਲੇਬਰ, ਠੇਕੇਦਾਰਾਂ ਦੀਆਂ ਸਮੱਸਿਆਵਾਂ ਨੂੰ ਵੀ ਸਮਝਣਾ ਏ। ਡਾ. ਪੱਲਵੀ ਨੇ ਕਿਹਾ ਕਿ ਕਣਕ ਦੀ ਖ਼ਰੀਦ ਪ੍ਰਤੀਕ੍ਰਿਆ 'ਚ ਕਿਸੇ ਤਰ੍ਹਾਂ ਦੀ ਬੇਨਿਯਮੀ ਜਾਂ ਬਦ-ਇੰਤਜ਼ਾਮੀ ਬਿਲਕੁਲ ਸਹਿਣ ਨਹੀਂ ਕੀਤੀ ਜਾਵੇਗੀ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖ਼ਰੀਦ ਪ੍ਰਕ੍ਰਿਆ ਮੁਕੰਮਲ ਕੀਤੀ ਜਾਵੇ।

-----------------------------------------------------------------

ਸਕੂਲ ਆਫ ਐਮੀਨੈਂਸ ਬਰਨਾਲਾ ਵਿਖੇ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ ਅਧੀਨ ਜ਼ਿਲ੍ਹਾ ਸਿੱਖਿਆ ਅਫ਼ਸਰ ਪਦਮਨੀ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਅਧੀਨ ਚੋਣਾਂ ਵਿਸ਼ੇ ‘ਤੇ ਸਕੂਲੀ ਵਿਦਿਆਰਥੀਆਂ ਦੇ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲੇ ਕਰਵਾਏ ਗਏ। ਡੀ.ਈ.ਓ.ਪਦਮਨੀ ਨੇ ਦੱਸਿਆ ਕਿ ਜ਼ਿਲੇ ਦੇ ਤਿੰਨ ਬਲਾਕਾਂ ਬਰਨਾਲਾ, ਸ਼ਹਿਣਾ ਅਤੇ ਮਹਿਲ ਕਲਾਂ ਵਿੱਚ ਹੋਏ ਬਲਾਕ ਪੱਧਰੀ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਕੁੱਲ 9 ਟੀਮਾਂ ਨੇ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲਿਆਂ ਵਿੱਚ ਹਿੱਸਾ ਲਿਆ। ਉਨਾਂ ਦੱਸਿਆ ਕਿ ਇਹਨਾਂ ਕੁਇਜ਼ ਮੁਕਾਬਲਿਆਂ ਵਿੱਚ ਸਰਕਾਰੀ, ਪ੍ਰਾਈਵੇਟ ਤੇ ਅਰਧ ਸਰਕਾਰੀ ਸਕੂਲਾਂ ਦੇ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਹਿੱਸਾ ਲਿਆ ਗਿਆ। ਉਨਾਂ ਕਿਹਾ ਕਿ ਇਨਾਂ ਮੁਕਾਬਲਿਆਂ ਦਾ ਮੁੱਖ ਮਕਸਦ ਨੌਜਵਾਨਾਂ ਵਿੱਚ ਵੋਟਰ ਜਾਗਰੂਕਤਾ

ਪੈਦਾ ਕਰਨਾ ਰਿਹਾ । ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

--------------------------------------------------------------

ਸੰਗਰੂਰ ਜ਼ਿਲ੍ਹੇ ਵਿੱਚ ਲੋਕਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਲਾਲਚ ਅਤੇ ਡਰ ਤੋਂ ਕਰਨ ਲਈ ਪ੍ਰੇਰਨ ਦੇ ਉਦੇਸ਼ ਨਾਲ ਨੁੱਕੜ ਨਾਟਕ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਏ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਵਿਹੜੇ ਵਿੱਚ ਨੂਰ ਆਰਟ ਗਰੁੱਪ ਬਠਿੰਡਾ ਦੀ ਟੀਮ ਵੱਲੋਂ ਨੁੱਕੜ ਨਾਟਕ ਖੇਡਣ ਦੀ ਸ਼ੁਰੂਆਤ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਵੀਪ ਨੋਡਲ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਭਵਾਨੀਗੜ੍ਹ ਵਿਨੀਤ ਕੁਮਾਰ ਨੇ ਦੱਸਿਆ ਕਿ ਪਹਿਲੀ ਜੂਨ ਨੂੰ ਲੋਕ ਸਭਾ ਦੀਆਂ ਆਮ ਚੋਣਾਂ ਲਈ ਹੋਣ ਵਾਲੀ ਵੋਟਿੰਗ ਪ੍ਰਕਿਰਿਆ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਵੀਪ ਗਤੀਵਿਧੀਆਂ ਤਹਿਤ ਜ਼ਿਲ੍ਹੇ ‘ਚ ਵੱਖ-ਵੱਖ ਥਾਵਾਂ ‘ਤੇ ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ

ਚੇਤਨ ਕੀਤਾ ਜਾ ਰਿਹਾ ਏ। ਉਨਾਂ ਦੱਸਿਆ ਕਿ ਸੰਗਰੂਰ ਦੇ ਨਾਲ-ਨਾਲ ਭਵਾਨੀਗੜ੍ਹ, ਚੀਮਾ, ਧੂਰੀ, ਦਿੜ੍ਹਬਾ, ਖਨੌਰੀ, ਲਹਿਰਾਗਾਗਾ, ਮੂਣਕ, ਸ਼ੇਰਪੁਰ, ਸੂਲਰ ਘਰਾਟ ਅਤੇ ਸੁਨਾਮ ਵਿਖੇ ਵੀ ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਵੱਧ ਤੋਂ ਵੱਧ ਮਤਦਾਨ ਲਈ ਜਾਗਰੂਕ ਕੀਤਾ ਜਾਵੇਗਾ।

---------------------------------------------------

ਪੰਜਾਬ ਦੇ ਸੀਨੀਅਰ IAS ਅਤੇ ਸਕੱਤਰ ਉਚੇਰੀ ਸਿੱਖਿਆ ਕੇ.ਕੇ. ਯਾਦਵ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਦਾ ਚਾਰਜ ਸੰਭਾਲਣਗੇ। ਯੂਨੀਵਰਸਿਟੀ ਦੇ ਮੌਜੂਦਾ ਵਾਈਸ ਚਾਂਸਲਰ ਪ੍ਰੋ: ਅਰਵਿੰਦ ਦਾ ਕਾਰਜਕਾਲ ਅੱਜ 25 ਅਪ੍ਰੈਲ ਨੂੰ ਪੂਰਾ ਹੋਣ ਨੂੰ ਵੇਖਦਿਆਂ ਅਜਿਹਾ ਕੀਤਾ ਗਿਆ ਏ। ਪੰਜਾਬ ਰਾਜ ਭਵਨ ਵੱਲੋਂ ਜਾਰੀ ਹੁਕਮਾਂ ਅਨੁਸਾਰ ਹੁਣ ਕੇ ਕੇ ਯਾਦਵ 26 ਅਪ੍ਰੈਲ ਨੂੰ ਵਾਈਸ ਚਾਂਸਲਰ ਵਜੋਂ ਵਾਧੂ ਚਾਰਜ ਸੰਭਾਲਣਗੇ। ਉਨਾਂ ਨੂੰ ਮੌਜੂਦਾ ਡਿਊਟੀ ਤੋਂ ਇਲਾਵਾ 26 ਅਪ੍ਰੈਲ ਤੋਂ ਤਿੰਨ ਮਹੀਨਿਆਂ ਲਈ ਇਹ ਚਾਰਜ ਦਿੱਤਾ ਗਿਆ ਏ।

---------------------------------------------------

ਜ਼ਿਲ੍ਹਾ ਟੂਰਨਾਮੈਂਟ ਕਮੇਟੀ ਬਰਨਾਲਾ ਵੱਲੋਂ 67 ਵੀਆਂ ਪੰਜਾਬ ਰਾਜ

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ 2023-24 ਸੈਸ਼ਨ ਦੌਰਾਨ ਪ੍ਰਾਪਤੀਆਂ ਕਰਨ ਵਾਲੇ ਜ਼ਿਲ੍ਹੇ ਦੇ ਖਿਡਾਰੀਆਂ ਦਾ ਸਨਮਾਨ ਕਰਨ ਲਈ ਵਾਈ.ਐਸ. ਸਕੂਲ ਹੰਡਿਆਇਆ ਵਿਖੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਪਦਮਨੀ ਨੇ ਜੇਤੂਆਂ ਨੂੰ ਇਨਾਮ ਤਕਸੀਮ ਕੀਤੇ। ਸੂਬਾ ਪੱਧਰੀ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਉਨਾਂ ਕਿਹਾ ਕਿ ਜਿੱਥੇ ਖੇਡਾਂ ਵਿਅਕਤੀ ਦਾ ਸਰੀਰਕ ਵਿਕਾਸ ਕਰਦੀਆਂ ਨੇ ਉੱਥੇ ਨਾਲ ਹੀ ਉਸ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਸਮਾਜਿਕ ਤੌਰ 'ਤੇ ਚੇਤੰਨ ਵੀ ਬਣਾਉਣੀਆਂ ਨੇ। ਉਨਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।